# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :28-05-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ।**

- ਨਗਰ ਨਿਗਮ ਦੀਆਂ ਆਮ ਚੋਣਾਂ-2026 ਲਈ ਵੋਟਾਂ ਦੀ ਗਿਣਤੀ ਕੱਲ੍ਹ 29 ਮਈ ਨੂੰ ।

- ਪੰਜਾਬ ਸਮੇਤ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਅੱਜ ਈਦ-ਉਲ-ਅਜ਼ਹਾ, ਧਾਰਮਿਕ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਜਾ ਰਹੀ ਏ ।

- ਭਾਰਤੀ ਜਨਤਾ ਪਾਰਟੀ ਦੇ ਪੰਜਾਬ ਤੋਂ ਆਗੂ ਕੇਵਲ ਸਿੰਘ ਢਿੱਲੋਂ ਨੂੰ ਪਾਰਟੀ ਦਾ ਸੂਬਾ ਪ੍ਰਧਾਨ ਨਿਯੁਕਤ ਕੀਤਾ ਗਿਆ।

- ਮੌਸਮ ਵਿਭਾਗ ਨੇ ਅੱਜ ਪੰਜਾਬ ਕਈ ਥਾਵਾਂ 'ਤੇ ਗਰਜ-ਚਮਕ ਨਾਲ ਮੀਂਹ ਪੈਣ ਬਾਰੇ ਰੇਡ ਅਲਰਟ ਜਾਰੀ ਕੀਤਾ ।

- IPL ਕ੍ਰਿਕਟ 'ਚ ਕੱਲ੍ਹ ਦੂਜੇ ਕੁਆਲੀਫਾਇਰ ਵਿੱਚ ਰਾਜਸਥਾਨ ਰਾਇਲਜ਼ ਦਾ ਮੁਕਾਬਲਾ ਗੁਜਰਾਤ ਟਾਈਟਨਜ਼ ਨਾਲ ਹੋਵੇਗਾ।

**ਹੁਣ ਖ਼ਬਰਾਂ ਵਿਸਥਾਰ ਨਾਲ**

ਨਗਰ ਨਿਗਮ ਦੀਆਂ ਆਮ ਚੋਣਾਂ 2026 ਲਈ ਵੋਟਾਂ ਦੀ ਗਿਣਤੀ ਕੱਲ੍ਹ 29 ਮਈ ਨੂੰ ਹੋਵੇਗੀ। ਸਵੇਰੇ 8 ਵਜੇ ਸ਼ੁਰੂ ਹੋਣ ਵਾਲੀ ਇਹ ਗਿਣਤੀ, ਸੂਬੇ ਭਰ ਦੇ 1897 ਵਾਰਡਾਂ ਤੋਂ ਕੁੱਲ 7 ਹਜ਼ਾਰ 554 ਉਮੀਦਵਾਰਾਂ ਦੀ ਕਿਸਮਤ ਦਾ ਫੈਸਲਾ ਕਰੇਗੀ। ਕੁੱਲ 35 ਲੱਖ ਤੋਂ ਵੱਧ ਵੋਟਰਾਂ ਵਿੱਚੋਂ, 22 ਲੱਖ 38 ਹਜ਼ਾਰ 241 ਵੋਟਰਾਂ ਨੇ ਆਪਣੀਆਂ ਵੋਟਾਂ ਪਾਈਆਂ, ਜਿਸ ਨਾਲ ਪੋਲਿੰਗ ਫੀਸਦੀ ਲਗਭਗ 64 ਹੋ ਗਈ। ਇਹ ਨਗਰ ਨਿਗਮ ਚੋਣਾਂ ਨੂੰ , ਸਾਲ 2027 ਵਿੱਚ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸੂਬੇ ਦੀਆਂ ਸਾਰੀਆਂ ਪ੍ਰਮੁੱਖ ਰਾਜਨੀਤਿਕ ਪਾਰਟੀਆਂ ਲਈ ਰਾਜਨੀਤਿਕ ਸੂਚਕ ਵਜੋਂ ਦੇਖਿਆ ਜਾ ਰਿਹਾ ਏ। ਇਸ ਬਹੁ-ਕੋਨੀ ਮੁਕਾਬਲੇ ਵਿੱਚ, ਸੱਤਾਧਾਰੀ ਆਮ ਆਦਮੀ ਪਾਰਟੀ , ਇੰਡੀਅਨ ਨੈਸ਼ਨਲ ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਨੇ ਆਪਣੇ ਉਮੀਦਵਾਰ ਖੜ੍ਹੇ ਕੀਤੇ ਸਨ। ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ, ਜ਼ਿਲ੍ਹਾ ਚੋਣ ਅਧਿਕਾਰੀਆਂ ਨੇ ਗਿਣਤੀ ਕੇਂਦਰਾਂ 'ਤੇ ਸਾਰੇ ਪ੍ਰਬੰਧ ਕਰ ਲਏ ਹਨ।

ਪੰਜਾਬ ਰਾਜ ਚੋਣ ਕਮਿਸ਼ਨ ਵਲੋਂ 26 ਮਈ ਨੂੰ 8 ਨਗਰ ਨਿਗਮਾਂ, 75 ਨਗਰ ਕੌਂਸਲਾਂ ਅਤੇ 19 ਨਗਰ ਪੰਚਾਇਤਾਂ ਸਮੇਤ 102 ਨਗਰ ਨਿਗਮਾਂ ਦੀਆਂ ਚੋਣਾਂ ਕਰਵਾਈਆਂ ਗਈਆਂ ਸਨ।

-----------------------------------------------------------

ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਅੱਜ ਈਦ-ਉਲ-ਅਜ਼ਹਾ ਦਾ ਤਿਉਹਾਰ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਇਸਨੂੰ ਬਕਰੀਦ ਵੀ ਕਿਹਾ ਜਾਂਦਾ ਏ। ਸਵੇਰੇ ਈਦਗਾਹਾਂ ਅਤੇ ਮਸਜਿਦਾਂ ਵਿੱਚ ਈਦ ਦੀ ਨਮਾਜ਼ ਅਦਾ ਕੀਤੀ ਗਈ। ਬਾਅਦ ਵਿੱਚ, ਲੋਕਾਂ ਨੇ ਇੱਕ ਦੂਜੇ ਨੂੰ ਗਲੇ ਮਿਲਕੇ, ਈਦ ਦੀਆਂ ਮੁਬਾਰਕਾਂ ਦਿੱਤੀਆਂ। ਰਾਸ਼ਟਰੀ ਰਾਜਧਾਨੀ ਵਿੱਚ, ਮੁੱਖ ਨਮਾਜ਼ ਜਾਮਾ ਮਸਜਿਦ, ਫਤਿਹਪੁਰੀ ਮਸਜਿਦ ਅਤੇ ਸ਼ਾਹੀ ਈਦਗਾਹ ਵਿੱਚ ਅਦਾ ਕੀਤੀ ਗਈ। ਇਸ ਮੌਕੇ, ਸਾਰੀਆਂ ਮਸਜਿਦਾਂ ਦੇ ਇਮਾਮਾਂ ਨੇ ਲੋਕਾਂ ਨੂੰ ਸ਼ਾਂਤੀ ਤੇ ਸਦਭਾਵਨਾ ਬਣਾਈ ਰੱਖਣ ਅਤੇ ਭਾਈਚਾਰੇ ਨਾਲ ਮਿਲ ਕੇ ਤਿਉਹਾਰ ਮਨਾਉਣ ਦੀ ਅਪੀਲ ਕੀਤੀ। ਇਸ ਦੌਰਾਨ, ਪੰਜਾਬ ਵਿੱਚ ਵੀ ਈਦ-ਉਲ -ਅਜ਼ਹਾ ਦਾ ਤਿਉਹਾਰ ਪੂਰੀ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਸ਼ਰਧਾਲੂਆਂ ਨੇ ਫਤਿਹਗੜ੍ਹ ਸਾਹਿਬ 'ਚ ਰੋਜ਼ਾ ਸ਼ਰੀਫ, ਅੰਮ੍ਰਿਤਸਰ 'ਚ ਜਾਮਾ ਮਸਜਿਦ ਹਾਲ ਖੈਰਦੀਨ, ਮਲੇਰਕੋਟਲਾ, ਲੁਧਿਆਣਾ, ਜਲੰਧਰ, ਗੁਰਦਾਸਪੁਰ ਅਤੇ ਹੋਰ ਕਈ ਥਾਵਾਂ 'ਤੇ ਮਸਜਿਦਾਂ ਅਤੇ ਈਦਗਾਹਾਂ ਵਿੱਚ

ਨਮਾਜ਼ ਅਦਾ ਕੀਤੀ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਈਦ-ਉਲ-ਅਜ਼ਹਾ  ਦੇ ਮੌਕੇ 'ਤੇ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਇਸ ਮੌਕੇ ਲੋਕਾਂ ਨੂੰ ਮੁਬਰਕਬਾਦ ਦਿਤੀ ਏ।

---------------------------------------------------------------

ਭਾਰਤੀ ਜਨਤਾ ਪਾਰਟੀ ਦੇ ਪੰਜਾਬ ਤੋਂ ਆਗੂ ਕੇਵਲ ਸਿੰਘ ਢਿੱਲੋਂ ਨੂੰ ਅੱਜ ਪਾਰਟੀ ਦਾ ਸੂਬਾ ਪ੍ਰਧਾਨ ਨਿਯੁਕਤ ਕੀਤਾ ਗਿਆ ਏ। ਉਨ੍ਹਾਂ ਨੂੰ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬਿਨ ਨੇ ਪੰਜਾਬ ਇਕਾਈ ਦਾ ਚਾਰਜ ਸੌਂਪਿਆ ਏ। ਬਰਨਾਲਾ ਦੇ ਸਾਬਕਾ ਵਿਧਾਇਕ ਸ੍ਰੀ ਢਿੱਲੋਂ ਦਾ ਜਨਮ ਬਰਨਾਲਾ ਦੇ ਪਿੰਡ ਟੱਲੇਵਾਲ ਵਿੱਚ ਹੋਇਆ ਸੀ। ਉਨ੍ਹਾਂ ਨੇ 2007 ਤੋਂ 2017 ਤੱਕ ਇੱਥੋਂ ਵਿਧਾਇਕ ਵਜੋਂ ਸੇਵਾਵਾਂ ਨਿਭਾਈਆਂ। ਬਾਅਦ ਵਿੱਚ, ਉਹ ਜੂਨ 2022 ਵਿੱਚ BJP ਵਿੱਚ ਸ਼ਾਮਲ ਹੋਏ ਅਤੇ ਉਨ੍ਹਾਂ ਨੂੰ ਪੰਜਾਬ ਇਕਾਈ ਦਾ ਉਪ-ਪ੍ਰਧਾਨ ਨਿਯੁਕਤ ਕਰ ਦਿੱਤਾ ਗਿਆ। ਇਸ ਦੌਰਾਨ, ਪਾਰਟੀ ਸੂਤਰਾਂ ਨੇ ਦੱਸਿਆ ਕਿ ਮੌਜੂਦਾ ਪ੍ਰਧਾਨ ਸੁਨੀਲ ਜਾਖੜ ਦਾ ਤਿੰਨ ਸਾਲਾਂ ਦਾ ਕਾਰਜਕਾਲ ਇਸ ਸਾਲ ਜੁਲਾਈ ਵਿੱਚ ਖਤਮ ਹੋ ਰਿਹਾ ਏ ਅਤੇ ਉਹ ਪੰਜਾਬ ਵਿੱਚ ਪਾਰਟੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਰਹਿਣਗੇ। ਇਸੇ ਦੌਰਾਨ ਸੁਨੀਲ ਜਾਖੜ ਨੇ ਸ੍ਰੀ ਢਿੱਲੋਂ ਨੂੰ

ਵਧਾਈਆਂ ਦਿੰਦਿਆਂ ਕਿਹਾ ਕਿ ਪੰਜਾਬ BJP ਦੇ ਪ੍ਰਧਾਨ ਵਜੋਂ ਸੇਵਾਵਾਂ ਦੇਣੀਆਂ, ਉਨ੍ਹਾਂ ਲਈ ਬਹੁਤ ਹੀ ਮਾਣ ਅਤੇ ਜ਼ਿੰਮੇਵਾਰੀ ਵਾਲੀ ਗੱਲ ਰਹੀ ਏ। ਪੰਜਾਬ BJP ਦੇ ਸੂਬਾ ਜਨਰਲ ਸਕੱਤਰ ਰਾਕੇਸ਼ ਰਾਠੌਰ ਨੇ ਵੀ ਸ਼੍ਰੀ ਢਿੱਲੋਂ ਨੂੰ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਨੇ ।

--------------------------------------------------------

ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਦੇ ਮਾਈ ਭਾਰਤ ਚੰਡੀਗੜ੍ਹ ਨੇ ਅੱਜ ਵੀਰ ਸਾਵਰਕਰ ਜੈਅੰਤੀ ਮੌਕੇ ਆਪਣੇ ਦਫ਼ਤਰ ਵਿਖੇ, ਇੱਕ ਭਾਸ਼ਣ ਮੁਕਾਬਲਾ ਅਤੇ ਰੀਲ ਮੇਕਿੰਗ ਮੁਕਾਬਲਾ ਕਰਵਾਇਆ। ਇਸ ਸਮਾਰੋਹ ਵਿੱਚ ਚੰਡੀਗੜ੍ਹ ਭਰ ਦੇ ਨੌਜਵਾਨਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਵੀਰ ਸਾਵਰਕਰ  ਦੇ ਆਦਰਸ਼ਾਂ ਤੋਂ ਪ੍ਰੇਰਿਤ ਹੋ ਕੇ ਰਚਨਾਤਮਕਤਾ, ਦੇਸ਼ ਭਗਤੀ ਅਤੇ ਰਾਸ਼ਟਰ ਨਿਰਮਾਣ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਭਾਸ਼ਣ ਮੁਕਾਬਲਾ "ਵਿਕਸਤ ਭਾਰਤ ਦੇ ਨਿਰਮਾਣ ਵਿੱਚ ਵੀਰ ਸਾਵਰਕਰ ਦੇ ਵਿਚਾਰਾਂ ਦੀ ਸਾਰਥਕਤਾ" ਵਿਸ਼ੇ 'ਤੇ ਕਰਵਾਇਆ ਗਿਆ, ਜਦੋਂ ਕਿ ਰੀਲ ਮੇਕਿੰਗ ਮੁਕਾਬਲਾ "ਜੇ ਵੀਰ ਸਾਵਰਕਰ ਅੱਜ ਦੇ ਨੌਜਵਾਨਾਂ ਨਾਲ ਗੱਲ ਕਰਦੇ" ਵਿਸ਼ੇ 'ਤੇ ਕੇਂਦ੍ਰਿਤ ਸੀ। ਦੋਵਾਂ ਮੁਕਾਬਲਿਆਂ ਦੇ ਜੇਤੂਆਂ ਨੂੰ ਪ੍ਰੋਗਰਾਮ ਦੇ ਮੁੱਖ ਮਹਿਮਾਨ, ਪ੍ਰਸਿੱਧ ਸਮਾਜ ਸੇਵਕ ਸੰਜੀਵ ਰਾਣਾ ਵੱਲੋਂ ਇਨਾਮ ਦਿੱਤੇ ਗਏ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਵੀਰ ਸਾਵਰਕਰ ਦੇ ਆਦਰਸ਼ਾਂ ਅਤੇ ਕਦਰਾਂ-ਕੀਮਤਾਂ ਨੂੰ ਆਪਣੇ ਰੋਜ਼ਾਨਾ

ਜੀਵਨ ਵਿੱਚ ਸ਼ਾਮਲ ਕਰਨਾ ਚਾਹੀਦਾ ਏ ਤਾਂ ਜੋ ਸਮਾਜ, ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖ ਸਕੇ ਅਤੇ ਵਿਕਸਿਤ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਪੂਰਾ ਕਰਨ ਵਿੱਚ ਯੋਗਦਾਨ ਪਾ ਸਕਣ।

--------------------------------------------------

ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ ਅੱਜ ਵਿਦਿਆਰਥੀਆਂ ਨੂੰ ਭਰੋਸਾ ਦਿਵਾਇਆ ਕਿ ਕੇਂਦਰੀ ਸੈਕੰਡਰੀ ਸਿੱਖਿਆ ਬੋਰਡ-CBSE ਵੱਲੋਂ ਨਵੀਂ ਔਨ-ਸਕ੍ਰੀਨ ਮਾਰਕਿੰਗ  ਪ੍ਰਣਾਲੀ ਇੱਕ "ਪ੍ਰਗਤੀਸ਼ੀਲ ਵਿਧੀ" ਏ ਜਿਸਦਾ ਉਦੇਸ਼ ਵਧੇਰੇ ਪਾਰਦਰਸ਼ਤਾ ਨੂੰ ਯਕੀਨੀ ਬਣਾਉਣਾ ਏ । ਸ਼੍ਰੀ ਪ੍ਰਧਾਨ ਨਵੀਂ ਦਿੱਲੀ ਵਿੱਚ CBSE ਅਧਿਕਾਰੀਆਂ ਨਾਲ ਮੀਟਿੰਗ ਕਰਨ ਤੋਂ ਬਾਅਦ ਮੀਡੀਆ ਨਾਲ ਗੱਲ ਕਰ ਰਹੇ ਸਨ। CBSE 12ਵੀਂ ਜਮਾਤ ਦੀ ਪ੍ਰੀਖਿਆ ਲਈ OSM ਪ੍ਰਣਾਲੀ ਵਿੱਚ ਅੰਤਰ ਅਤੇ ਮੁੜ-ਮੁਲਾਂਕਣ ਪੋਰਟਲ ਵਿੱਚ ਤਕਨੀਕੀ ਖਾਮੀਆਂ ਬਾਰੇ ਚਿੰਤਾਵਾਂ ਬਾਰੇ , ਮੰਤਰੀ ਨੇ ਸਵੀਕਾਰ ਕੀਤਾ ਕਿ ਕੁਝ ਮੁੱਦੇ ਸਾਹਮਣੇ ਆਏ ਹਨ ਅਤੇ ਵਿਦਿਆਰਥੀਆਂ ਨੂੰ ਭਰੋਸਾ ਦਿਵਾਇਆ ਕਿ ਚੱਲ ਰਹੀ ਮੁੜ-ਮੁਲਾਂਕਣ ਪ੍ਰਕਿਰਿਆ ਦੌਰਾਨ ਸਾਰੀਆਂ ਸ਼ਿਕਾਇਤਾਂ ਨੂੰ ਦੂਰ ਕੀਤਾ ਜਾਵੇਗਾ।

BYTE

--------------------------------------------------

ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਦੇ ਦੋ ਕੈਡਿਟਾਂ ਅਰਪਿਤ ਪਰਾਸ਼ਰ ਅਤੇ ਵਿਸ਼ੇਸ਼ ਸੂਦ ਨੂੰ ਅੱਜ ਕੇਰਲਾ ਦੇ ਏਝੀਮਾਲਾ ਵਿੱਚ ਇੰਡੀਅਨ ਨੇਵਲ ਅਕੈਡਮੀ ਦੀ ਪਾਸਿੰਗ ਆਊਟ ਪਰੇਡ ਵਿੱਚ ਭਾਰਤੀ ਜਲ ਸੈਨਾ ਵਿੱਚ ਬਤੌਰ ਅਫ਼ਸਰ ਕਮਿਸ਼ਨ ਮਿਲਿਆ ਏ। ਪਰੇਡ ਦਾ ਨਿਰੀਖਣ ਦੱਖਣੀ ਨੇਵਲ ਕਮਾਂਡ ਦੇ ਫਲੈਗ ਅਫਸਰ ਕਮਾਂਡਿੰਗ-ਇਨ-ਚੀਫ਼ ਵਾਈਸ ਐਡਮਿਰਲ ਸਮੀਰ ਸਕਸੈਨਾ ਨੇ ਵੱਲੋਂ ਕੀਤਾ ਗਿਆ। ਸੰਗਰੂਰ ਜ਼ਿਲ੍ਹੇ ਦੇ ਧੂਰੀ ਦੇ ਰਹਿਣ ਵਾਲੇ ਕੈਡਿਟ ਅਰਪਿਤ ਅਤੇ ਮੁਹਾਲੀ ਦੇ ਕੈਡਿਟ ਵਿਸ਼ੇਸ਼ ਸੂਦ ਨੇ ਇੰਸਟੀਚਿਊਟ ਵਿੱਚ ਦੋ ਸਾਲ ਦੀ ਸਿਖਲਾਈ ਪੂਰੀ ਕਰਨ ਬਾਅਦ ਰਾਸ਼ਟਰੀ ਰੱਖਿਆ ਅਕਾਦਮੀ ਵਿੱਚ ਤਿੰਨ ਸਾਲ ਅਤੇ ਆਈਐਨਏ ਵਿੱਚ ਇੱਕ ਸਾਲ ਦੀ ਸੇਵਾ-ਵਿਸ਼ੇਸ਼ ਸਿਖਲਾਈ ਪੂਰੀ ਕੀਤੀ। ਹੁਣ, ਉਹ ਜਲਦੀ ਭਾਰਤੀ ਜਲ ਸੈਨਾ ਵਿੱਚ ਡਿਊਟੀਆਂ ਨਿਭਾਉਣਗੇ। ਪੰਜਾਬ ਦੇ ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਇਨ੍ਹਾਂ ਅਧਿਕਾਰੀਆਂ ਨੇ ਪੰਜਾਬ ਦਾ ਮਾਣ ਵਧਾਇਆ ਏ। ਇੰਸਟੀਚਿਊਟ ਦੇ ਡਾਇਰੈਕਟਰ ਸੇਵਾਮੁਕਤ ਮੇਜਰ ਜਨਰਲ ਅਜੈ ਐਚ ਚੌਹਾਨ ਨੇ ਕਿਹਾ ਕਿ ਇਹਨਾਂ ਕੈਡਿਟਾਂ ਤੋਂ ਇਲਾਵਾ, ਸੰਸਥਾ ਦੇ 24 ਹੋਰ ਕੈਡਿਟਾਂ ਨੇ ਆਪਣੇ ਐਸ.ਐਸ.ਬੀ ਇੰਟਰਵਿਊ ਪਾਸ

ਕਰ ਲਏ ਨੇ । ਉਨ੍ਹਾਂ ਨੇ ਇਨ੍ਹਾਂ ਨਵ-ਨਿਯੁਕਤ ਅਫਸਰਾਂ ਦੇ ਰਾਸ਼ਟਰ ਦੀ ਸੇਵਾ ਵਿੱਚ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ।

-------------------------------------------------------

ਪ੍ਰਸਿੱਧ ਕਵੀ ਅਤੇ ਸਾਹਿਤਕਾਰ ਬਸ਼ੀਰ ਬਦਰ ਦਾ ਅੱਜ ਮੱਧ ਪ੍ਰਦੇਸ਼ ਦੇ ਭੋਪਾਲ ਵਿੱਚ ਦੇਹਾਂਤ ਹੋ ਗਿਆ। ਉਹ 91 ਸਾਲ ਦੇ ਸਨ। ਬਸ਼ੀਰ ਬਦਰ ਲੰਮੇਂ ਸਮੇਂ ਤੋਂ ਬੀਮਾਰ ਸਨ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਉਨ੍ਹਾਂ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕੀਤਾ ਏ।

-------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ ਕੀਤੀ ਅਪੀਲ ਅਤੇ ਚੰਡੀਗੜ੍ਹ ਪ੍ਰਸ਼ਾਸਨ ਦੀ ਪਹਿਲ ਮੁਤਾਬਿਕ , ਹਰ ਬੁੱਧਵਾਰ ਨੂੰ ਵਾਹਨ ਮੁਕਤ ਦਿਵਸ ਮਨਾਉਣ ਲਈ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਵਿਦਿਆਰਥੀਆਂ, ਅਧਿਆਪਕਾਂ ਅਤੇ ਪ੍ਰਸ਼ਾਸਕੀ ਅਧਿਕਾਰੀਆਂ ਨੇ ਬੀਤੇ ਦਿਨੀ ਸੈਕਟਰ 14 ਅਤੇ 25 ਸਥਿਤ ਪੀ.ਯੂ ਕੈਂਪਸ ਵਿੱਚ ਚਲਾਏ ਗਏ ‘ਵਾਹਨ ਮੁਕਤ ਬੁੱਧਵਾਰ’ ਅਭਿਆਨ ਵਿੱਚ ਹਿਸਾ ਲਿਆ। ਵਾਈਸ ਚਾਂਸਲਰ ਪ੍ਰੋ. ਰੇਨੂੰ ਵਿੱਗ ਦੀ ਪ੍ਰਧਾਨਗੀ ਹੇਠ ਹੋਈ ਯੂਨੀਵਰਸਿਟੀ ਅਧਿਕਾਰੀਆਂ ਦੀ ਮੀਟਿੰਗ ਤੋਂ ਬਾਅਦ ਸ਼ੁਰੂ ਕੀਤੀ ਗਈ, ਜਿਸ ਵਿੱਚ ਵਿਦਿਆਰਥੀਆਂ, ਅਧਿਆਪਕਾਂ ਅਤੇ ਗੈਰ-ਅਧਿਆਪਕ ਕਰਮਚਾਰੀਆਂ ਨੂੰ ਹਰ ਬੁੱਧਵਾਰ ਨੂੰ ਨਿੱਜੀ ਵਾਹਨਾਂ ਦੀ ਵਰਤੋਂ ਨਾ ਕਰਨ ਅਤੇ ਇਸ ਦੀ

ਬਜਾਏ ਕੈਂਪਸ ਵਿੱਚ ਉਪਲਬਧ ਮੁਫ਼ਤ ਸ਼ਟਲ ਬੱਸ ਅਤੇ ਈ-ਰਿਕਸ਼ਾ ਸਹੂਲਤਾਂ ਦੀ ਵਰਤੋਂ ਕਰਨ ਲਈ ਉਤਸਾਹਿਤ ਕੀਤਾ ਗਿਆ ਸੀ। ਯੂਨੀਵਰਸਿਟੀ ਦੀ NSS ਇਕਾਈ ਦੇ ਸਵੈਸੇਵਕਾਂ ਨੇ ਯੂਨੀਵਰਸਿਟੀ ਭਾਈਚਾਰੇ ਨੂੰ ਟਿਕਾਊ ਆਵਾਜਾਈ ਦੇ ਮਹੱਤਵ ਬਾਰੇ ਜਾਗਰੂਕ ਕੀਤਾ ਅਤੇ ਸਾਰਿਆਂ ਨੂੰ ਇੱਕ ਸਾਫ਼-ਸੁਥਰਾ ਕੈਂਪਸ ਵਾਤਾਵਰਣ ਤਿਆਰ ਕਰਨ ਵਿੱਚ ਸਰਗਰਮ ਯੋਗਦਾਨ ਪਾਉਣ ਦੀ ਅਪੀਲ ਕੀਤੀ।

----------------------------------------------------

ਪੰਜਾਬ, ਹਰਿਆਣਾ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਨੂੰ ਪਿਛਲੇ ਇੱਕ ਹਫ਼ਤੇ ਦੇ ਵੱਧ ਸਮੇਂ ਤੋਂ ਪ੍ਰਭਾਵਿਤ ਕਰਨ ਵਾਲੀ ਭਿਆਨਕ ਲੂ ਅੱਜ ਕੁਝ ਹੱਦ ਤੱਕ ਘੱਟ ਗਈ ਏ। ਸਵੇਰ ਸਮੇਂ ਹੋਈ ਬੱਦਲਵਾਈ, ਹਲਕੀ ਹਵਾ ਅਤੇ ਹਲਕੀ ਬੂੰਦਾਬਾਂਦੀ ਨੇ ਗਰਮੀ ਤੋਂ ਤੋਂ ਕੁਝ ਰਾਹਤ ਦਿੱਤੀ। ਚੰਡੀਗੜ੍ਹ ਸਥਿਤ ਮੌਸਮ ਵਿਭਾਗ ਨੇ ਦੋਵਾਂ ਰਾਜਾਂ ਵਿੱਚ ਪਹਿਲਾਂ ਤੋਂ ਜਾਰੀ ਕੀਤੇ ਗਏ ਲੂ ਬਾਰੇ ਯੈਲੋ ਅਤੇ ਓਰੇਂਜ ਅਲਰਟ ਨੂੰ ਅੱਜ ਲਈ ਗਰਜ-ਚਮਕ ਦੇ ਨਾਲ ਨਾਲ ਮੀਂਹ ਬਾਰੇ ਰੇਡ ਅਲਰਟ ਵਿੱਚ ਬਦਲ ਦਿੱਤਾ ਏ। ਪੰਜਾਬ ਵਿੱਚ, ਜਿਨ੍ਹਾਂ ਜ਼ਿਲ੍ਹਿਆਂ 'ਤੇ ਅੱਜ ਗਰਜ-ਚਮਕ ਨਾਲ ਭਾਰੀ ਮੀਂਹ ਪੈਣ ਬਾਰੇ ਰੇਡ ਅਲਰਟ ਏ ਊਨਾ ਜ਼ਿਲਿਆਂ 'ਚ ਗੁਰਦਾਸਪੁਰ, ਤਰਨਤਾਰਨ, ਅੰਮ੍ਰਿਤਸਰ, ਹੁਸ਼ਿਆਰਪੁਰ, ਰੂਪਨਗਰ ਅਤੇ ਨਵਾਂਸ਼ਹਿਰ ਦੇ ਕੁਝ ਹਿੱਸੇ ਸ਼ਾਮਿਲ ਨੇ। ਹਾਲਾਂਕਿ, ਕੱਲ੍ਹ 29 ਮਈ

ਨੂੰ, ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕਈ ਥਾਵਾਂ 'ਤੇ ਗਰਜ-ਚਮਕ ਨਾਲ ਭਾਰੀ ਮੀਂਹ ਤੇਜ਼ ਹਵਾਵਾਂ ਅਤੇ ਗੜੇਮਾਰੀ ਹੋਣ ਬਾਰੇ ਰੇਡ ਅਲਰਟ ਏ । 30 ਮਈ ਨੂੰ ਇੱਕ ਓਰੇਂਜ ਅਲਰਟ ਵੀ ਜਾਰੀ ਕੀਤਾ ਗਿਆ ਏ । ਅੱਜ ਪੰਜਾਬ ਦਾ ਫਰੀਦਕੋਟ ਅਤੇ ਹਰਿਆਣਾ ਦਾ ਸਿਰਸਾ ਵੱਧ ਤੋਂ ਵੱਧ ਤਾਪਮਾਨ 45.4 ਡਿਗਰੀ ਸੈਲਸੀਅਸ ਨਾਲ ਸਭ ਤੋਂ ਗਰਮ ਸ਼ਹਿਰ ਰਹੇ |

---------------------------------------------------------

ਸਰਹਿੰਦ ਕੌਮੀ ਸ਼ਾਹਰਾਹ 'ਤੇ ਪੈਂਦੇ ਪਿੰਡ ਪਤਾਰਸੀ ਕਲਾਂ ਨੇੜੇ ਇਕ ਬੱਸ ਤੇ ਟਰਾਲੇ ਦੀ ਟੱਕਰ ਹੋਣ ਕਾਰਨ ਬੱਸ ਡਰਾਈਵਰ ਦੀ ਮੌਤ ਹੋ ਗਈ, ਜਦਕਿ 15 ਮੁਸਾਫ਼ਰ ਜ਼ਖ਼ਮੀ ਹੋਏ ਨੇ । ਜ਼ਿਲਾ ਫਤਹਿਗੜ੍ਹ ਸਾਹਿਬ ਤੋਂ ਸਾਡੇ ਪੱਤਰਕਾਰ ਨੇ ਦਸਿਆ ਕਿ ਹਾਦਸਾ ਉਸ ਵੇਲੇ ਵਾਪਰਿਆ ਜਦੋਂ ਦਿੱਲੀ ਤੋਂ ਜੰਮੂ ਦੇ ਕਟੜਾ ਜਾ ਰਹੀ ਇੱਕ ਤੇਜ਼ ਰਫ਼ਤਾਰ ਵੋਲਵੋ ਬੱਸ ਅੱਗੇ ਜਾ ਰਹੇ ਇੱਕ ਵੱਡੇ ਟਰਾਲੇ ਦੇ ਪਿੱਛੇ ਜਾ ਟਕਰਾਈ । ਟੱਕਰ ਦੌਰਾਨ ਬੱਸ ਦਾ ਅਗਲਾ ਹਿੱਸਾ ਬੁਰੀ ਤਰ੍ਹਾਂ ਨੁਕਸਾਨਿਆ ਗਿਆ। ਇਸ ਹਾਦਸੇ ਵਿੱਚ ਬੱਸ ਡਰਾਈਵਰ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਬੱਸ ਵਿੱਚ ਸਵਾਰ 15 ਮੁਸਾਫ਼ਰ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ। ਜ਼ਖ਼ਮੀਆਂ ਨੂੰ ਤੁਰੰਤ ਇਲਾਜ ਲਈ ਸਿਵਲ ਹਸਪਤਾਲ ਫ਼ਤਿਹਗੜ੍ਹ ਸਾਹਿਬ ਵਿਖੇ ਦਾਖਲ ਕਰਵਾਇਆ ਗਿਆ। ਮ੍ਰਿਤਕ ਡਰਾਈਵਰ ਦੀ

ਪਛਾਣ ਫ਼ਿਰੋਜ਼ਪੁਰ ਦੇ ਇੰਦਰਜੀਤ ਸਿੰਘ ਵਜੋਂ ਹੋਈ ਏ । ਹਾਦਸੇ ਦੀ ਸੂਚਨਾ ਮਿਲਦਿਆਂ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਅਗਲੀ ਕਾਰਵਾਈ ਸ਼ੁਰੂ ਕੀਤੀ।

------------------------------------------------------

ਬਟਾਲਾ ਰੇਲਵੇ ਸਟੇਸ਼ਨ ਦੇ ਇੱਕ ਸ਼ੈੱਡ ਨੇੜੇ ਅਚਾਨਕ ਅੱਗ ਲਗਣ ਕਾਰਨ ਸਾਮਾਨ ਦਾ ਨੁਕਸਾਨ ਹੋਇਆ ਏ । ਰੇਲਵੇ ਸਟੇਸ਼ਨ ਦੇ ਸਟਾਫ ਅਤੇ ਰੇਲਵੇ ਪੁਲਿਸ ਕਰਮਚਾਰੀਆਂ ਵਲੋ ਇਸ ਬਾਰੇ ਤੁਰੰਤ ਫਾਇਰ ਬ੍ਰਿਗੇਡ ਨੂੰ ਸੂਚਿਤ ਕੀਤਾ ਗਿਆ। ਅੱਗ ਲੱਗਣ ਕਾਰਨ ਤਾਰਾ ਦੇ ਬੰਡਲ ਅਤੇ ਪਲਾਸਟਿਕ ਪਾਈਪਾ ਦਾ ਨੁਕਸਾਨ ਹੋਇਆ ਏ ਪਰ ਜਾਨੀ ਨੁਕਸਾਨ ਤੋ ਬਚਾਅ ਰਿਹਾ ਅਤੇ ਅੱਗ ਨੂੰ ਵੀ ਸਮੇ ਸਿਰ ਕਾਬੂ ਪਾ ਲਿਆ ਜਿਸ ਨਾਲ ਸਟੇਸ਼ਨ ਜਾ ਪਲੇਟਫਾਰਮ 'ਤੇ ਕੋਈ ਨੁਕਸਾਨ ਨਹੀਂ ਹੋਇਆ ।

------------------------------------------------------

IPL ਕ੍ਰਿਕਟ 'ਚ ਕੱਲ੍ਹ ਦੂਜੇ ਕੁਆਲੀਫਾਇਰ ਵਿੱਚ ਰਾਜਸਥਾਨ ਰਾਇਲਜ਼ ਦਾ ਮੁਕਾਬਲਾ ਗੁਜਰਾਤ ਟਾਈਟਨਜ਼ ਨਾਲ ਹੋਵੇਗਾ । ਜੇਤੂ ਟੀਮ ਐਤਵਾਰ ਨੂੰ ਅਹਿਮਦਾਬਾਦ ਦੇ ਨਰਿੰਦਰ ਮੋਦੀ ਸਟੇਡੀਅਮ ਵਿੱਚ ਰਾਇਲ ਚੈਲੇਂਜਰਸ ਬੰਗਲੁਰੂ ਦਾ ਸਾਹਮਣਾ ਕਰੇਗੀ।

ਬੀਤੀ ਰਾਤ ਐਲੀਮੀ-ਨੇਟਰ ਮੁਕਾਬਲੇ ਵਿੱਚ ਬੀਤੀ ਰਾਤ ਰਾਜਸਥਾਨ ਰਾਇਲਜ਼ ਨੇ ਸਨਰਾਈਜ਼ਰਸ ਹੈਦਰਾਬਾਦ ਨੂੰ 47 ਦੌੜਾਂ ਨਾਲ ਹਰਾਇਆ। ਨਿਊ ਚੰਡੀਗੜ੍ਹ ਵਿੱਚ ਪਹਿਲਾਂ ਬੱਲੇਬਾਜ਼ੀ ਕਰਦੇ ਹੋਏ, ਰਾਜਸਥਾਨ ਨੇ ਆਪਣੇ ਨਿਰਧਾਰਤ 20 ਓਵਰਾਂ ਵਿੱਚ 8 ਵਿਕਟਾਂ 'ਤੇ 243 ਦੌੜਾਂ ਬਣਾਈਆਂ। ਜਵਾਬ ਵਿੱਚ, ਸਨਰਾਈਜ਼ਰਸ ਹੈਦਰਾਬਾਦ ਆਖਰੀ ਓਵਰ ਵਿੱਚ 196 ਦੌੜਾਂ 'ਤੇ ਆਲ ਆਊਟ ਹੋ ਗਿਆ। ਰਾਜਸਥਾਨ ਲਈ ਵੈਭਵ ਸੂਰਿਆਵੰਸ਼ੀ ਨੇ 29 ਗੇਂਦਾਂ ਵਿੱਚ 97 ਦੌੜਾਂ ਦੀ ਸ਼ਾਨਦਾਰ ਪਾਰੀ ਖੇਡੀ। ਵੈਭਵ ਨੂੰ 'ਪਲੇਅਰ ਆਫ ਦ ਮੈਚ' ਚੁਣਿਆ ਗਿਆ।

----------------------------------------------------

- ਨਗਰ ਨਿਗਮ ਦੀਆਂ ਆਮ ਚੋਣਾਂ-2026 ਲਈ ਵੋਟਾਂ ਦੀ ਗਿਣਤੀ ਕੱਲ੍ਹ 29 ਮਈ ਨੂੰ ।

- ਪੰਜਾਬ ਸਮੇਤ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਅੱਜ ਈਦ-ਉਲ-ਅਜ਼ਹਾ, ਧਾਰਮਿਕ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਜਾ ਰਹੀ ਏ ।

- ਭਾਰਤੀ ਜਨਤਾ ਪਾਰਟੀ ਦੇ ਪੰਜਾਬ ਤੋਂ ਆਗੂ ਕੇਵਲ ਸਿੰਘ ਢਿੱਲੋਂ ਨੂੰ ਪਾਰਟੀ ਦਾ ਸੂਬਾ ਪ੍ਰਧਾਨ ਨਿਯੁਕਤ ਕੀਤਾ ਗਿਆ।

- ਮੌਸਮ ਵਿਭਾਗ ਨੇ ਅੱਜ ਪੰਜਾਬ ਕਈ ਥਾਵਾਂ 'ਤੇ ਗਰਜ-ਚਮਕ ਨਾਲ ਮੀਂਹ ਪੈਣ ਬਾਰੇ ਰੇਡ ਅਲਰਟ ਜਾਰੀ ਕੀਤਾ ।

- IPL ਕ੍ਰਿਕਟ 'ਚ ਕੱਲ੍ਹ ਦੂਜੇ ਕੁਆਲੀਫਾਇਰ ਵਿੱਚ ਰਾਜਸਥਾਨ ਰਾਇਲਜ਼ ਦਾ ਮੁਕਾਬਲਾ ਗੁਜਰਾਤ ਟਾਈਟਨਜ਼ ਨਾਲ ਹੋਵੇਗਾ ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ** !